SED-EDU3001/114/2023-SEDU3

[illegible] (1)

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

8/12/23

RTC

8/12/23

ਸੇਵਾ ਵਿਖੇ,

1. ਡਾਇਰੈਕਟਰ ਸਕੂਲ ਸਿੱਖਿਆ (ਐ.ਸਿ.),
   ਪੰਜਾਬ।
2. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.),
   ਪੰਜਾਬ।

ਮਿਤੀ, ਚੰਡੀਗੜ੍ਹ: 29/11/23

ਵਿਸ਼ਾ: ਆਰ.ਟੀ.ਈ. ਐਕਟ ਅਧੀਨ ਮਾਨਤਾ ਦੇਣ ਸਬੰਧੀ।

ਉਪਰੋਕਤ ਵਿਸ਼ੇ ਤੇ ਸਰਕਾਰ ਦੇ ਹੁਕਮ ਨੰ. SED-EDU301/114/2022-SEDU3/645126 ਮਿਤੀ 19.09.2023 ਦੇ ਹਵਾਲੇ ਵਿੱਚ।

2. ਵਿਸ਼ਾ ਅੰਕਿਤ ਮਾਮਲੇ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਜਿਹੜੇ ਪ੍ਰਾਈਵੇਟ ਸਕੂਲਾਂ ਨੂੰ ਆਰ.ਟੀ.ਈ. ਐਕਟ ਅਤੇ ਪੰਜਾਬ ਆਰ.ਟੀ.ਈ. ਰੂਲਜ਼, 2011 ਤਹਿਤ ਆਰਜ਼ੀ ਮਾਨਤਾ ਜਾਰੀ ਕੀਤੀ ਹੋਈ ਹੈ, ਉਸ ਮਾਨਤਾ ਨੂੰ ਪੱਕੀ ਮਾਨਤਾ ਸਮਝਿਆ ਜਾਵੇ।

3. ਇਹ ਵੀ ਲਿਖਿਆ ਜਾਂਦਾ ਹੈ ਕਿ ਸਬੰਧਤ ਜ਼ਿਲ੍ਹਾ ਸਿੱਖਿਆ ਅਫ਼ਸਰ ਜਾਂ ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਈਵੇਟ ਸਕੂਲਾਂ ਦਾ ਨਿਯਮਤ ਨਿਰੀਖਣ ਸਮੇਂ ਸਿਰ ਕਰਨਗੇ ਅਤੇ ਆਰ.ਟੀ.ਈ. ਐਕਟ ਦੀ ਪਾਲਣਾ ਕਰਨ ਸਬੰਧੀ ਸਰਕਾਰ ਨੂੰ ਰਿਪੋਰਟ ਭੇਜਣੀ ਯਕੀਨੀ ਬਣਾਉਣਗੇ।

29.11.23

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿੱ੦ ਅੰਕ ਨੰ. ਜਿ.ਸਿ.ਅ.(ਐ.ਸਿ.)/2023325070 ਮਿਤੀ: 08/12/23

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

1. ਬੀ.ਪੀ.ਈ.ਓ. ਜ਼ਿਲ੍ਹਾ ਹੁਸ਼ਿਆਰਪੁਰ
2. ਸਮੂਹ ਸਕੂਲ ਮੁੱਖੀ ਪ੍ਰਾਈਵੇਟ ਸਕੂਲ ਜ਼ਿਲ੍ਹਾ ਹੁਸ਼ਿਆਰਪੁਰ।

8/12/23

ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)
ਹੁਸ਼ਿਆਰਪੁਰ।

Secretary
Sant Baba Harnam Singh Ji
Educational Welfare Society

Principal
Oxford International School
Hsp.-Chd. Road, Hoshiarpur

# ਦਫ਼ਤਰ ਜ਼ਿਲਾ ਸਿੱਖਿਆ ਅਫਸਰ (ਐ.ਸਿ.), ਹੁਸ਼ਿਆਰਪੁਰ

Email – ssahoshiarpur19@gmail.com
ਸੰਪਰਕ ਨੰ. 01882-241350

ਮੀਮੋ ਨੰ:ਸਸਅ/ਆਰ.ਟੀ.ਈ/2020/317

ਮਿਤੀ: 30.07.2020

ਮੈਨੇਜਰ/ਪ੍ਰਿੰਸੀਪਲ
ਆਕਸਫੋਰਡ ਇੰਟਰਨੈਸ਼ਨਲ ਸਕੂਲ
ਬਲਾਕ ਹੁਸ਼ਿਆਰਪੁਰ-2ਈ

ਵਿਸ਼ਾ: ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ 15 ਦੇ ਉਪ ਨਿਯਮ(4)ਅਧੀਨ,ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ,2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਪਿਆਰੇ ਸ੍ਰੀ ਮਾਨ/ਸ੍ਰੀ ਮਤੀ ਜੀ

ਆਪਜੀ ਦੀ ਪ੍ਰਤੀ ਬੇਨਤੀ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ /ਪੜਤਾਲ ਦੇ ਹਵਾਲੇ ਵਿੱਚ ਮੈਂ ਆਕਸਫੋਰਡ ਇੰਟਰਨੈਸ਼ਨਲ ਸਕੂਲ ਬਲਾਕ ਹੁਸ਼ਿਆਰਪੁਰ-2ਬੀ ਯੂ-ਡਾਇਸ ਕੋਡ 3050509104 ਨੂੰ ਪਹਿਲੀ ਤੋਂ ਅਠਵੀਂ ਜਮਾਤ ਤੱਕ 31 ਮਾਰਚ,2023 ਦੇ ਸਮੇਂ ਲਈ ਮਾਨਤਾ ਭੇਜਦਾ ਹਾਂ।

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਆਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਕਿ ਇਹ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਅਤੇ ਬੱਚਿਆ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਉਪਬੰਧਾਂ ਦੀ ਪਾਲਣਾ ਕਰੇਗਾ ।
3. ਸਕੂਲ ਪਹਿਲੀ ਜਮਾਤ ਵਿੱਚ ਜਮਾਤ ਦੀ ਕੁੱਲ ਸੰਖਿਆ ਦਾ 25% ਪ੍ਰਤੀਸ਼ਤ, ਕਮਜ਼ੋਰ ਤਬਕੇ ਅਤੇ ਹੋਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4. ਸਕੂਲ ਨੂੰ ਪੈਰ੍ਹਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ-ਧਾਰਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ । ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ
5. ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸ ਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਛਾਂਟ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ । ਸਕੂਲ ਇਹ ਯਕੀਨੀ ਬਣਾਏਗਾ ਕਿ :-
   (1) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ
   (2) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਕੀਤੀ ਜਾਵੇਗੀ
   (3) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ,
   (4) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਦਿੱਤੇ ਅਨੁਸਾਰ ਪ੍ਰਮਾਣਪੱਤਰ ਦਿੱਤਾ ਜਾਵੇਗਾ;
   (5) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜ਼ਰੂਰਤਾਂ ਵਾਲੇ ਵਿਦਿਆਰਥੀਆ ਦੀ ਸਮਲਿਅਤ ;
   (6) ਅਧਿਆਪਕਾਂ ਲਈ ਇਹ ਜ਼ਰੂਰੀ ਹੈ ਕਿ ਉਹ ਧਾਰਾ 23(1) ਅਧੀਨ ਦਿੱਤੀਆਂ ਘੱਟ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹਨ । ਪਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਦੇ ਲਾਗੂ ਹੋਣ ਸਮੇਂ ਘੱਟ-ਘੱਟ ਵਿੱਦਿਅਕ ਯੋਗਤਾਵਾਂ ਪ੍ਰਾਪਤ ਕਰਨਗੇ;।
   (7) ਅਧਿਆਪਕ ਐਕਟ ਦੀ ਧਾਰਾ 24(1)ਅਧੀਨ ਦਰਸਾਈਆਂ ਜ਼ਿੰਮੇਵਾਰੀਆ ਪੂਰੀਆਂ ਕਰਦੇ ਹਨ;
   (8) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾ ਵਿੱਚ ਮਸ਼ਰੂਫ ਨਹੀਂ ਰੱਖਣਗੇ।
7. ਸਕੂਲ ਪੜ੍ਹਾਈ ਦੇ ਵਿਸ਼ਿਆ ਦੇ ਆਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।
8. ਸਕੂਲ ਦੇ ਇਸੇ ਨਾਂ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।
9. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਅਤੇ ਯੋਗਤਾ ਵਿਕਾਸ ਲਈ ਹੀ ਵਰਤੇ ਜਾਣ ਗੇ।
10. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ,1860(1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਦੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।
11. ਸਕੂਲ ਕਿਸੇ ਨਿੱਜੀ ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।
12. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ।ਹਰ ਲੇਖਾ ਸਾਰਣੀ ਦੀ ਇੱਕ ਕਾਪੀ ਹਰ ਸਾਲ ਜ਼ਿਲ੍ਹਾ ਸਿੱਖਿਆ ਅਧਿਕਾਰੀ(ਐ.ਸਿ.) ਨੂੰ ਭੇਜੀ ਜਾਵੇਗੀ।
13. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰ <u>RTE-603</u>ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।
14. ਸਕੂਲ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਸਿਰ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲਾਂ ਦੇ ਕੰਮ ਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।
15. ਸੰਸਥਾ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ ਜੇਕਰ ਕੋਈ ਜ਼ਰੂਰੀ ਹੋਵੇ, ਕਰਵਾਉਣਾ ਯਕੀਨੀ ਬਣਾਇਆ ਜਾਵੇ।
16. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

Secretary
Sant Baba Harnam Singh Ji
Educational Welfare Society

Principal
Oxford International School
Hsp.-Chd. Road, Hoshiarpur

ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.)
ਹੁਸ਼ਿਆਰਪੁਰ ।

# TRANSLATION OF RENT FROM PUNJABI TO ENGLISH

## OFFICE OF DISTRICT EDUCATION OFFICER ( A .E) , Hoshiarpur

Email – sahoshiarpur19@gmail.com

Dated : 30.07.2020

Memo No. S S A/R.T.T/2020/317

Manager/Principal

Oxford International School ,

Block Hoshiarpur-2B

Subject : Free And Compulsory education to right Act 2010 under section 15 subsection 4 and according to this Act 2009 and under section 18 this reorganization letter .

Dear Sir /Madam

With the respect I am sending recognized to the Oxford International School , Block Hoshiarpur –B U- Dize Code 3050509104 to 1st to 8th Class till 31st March 2023 .

The above said reorganization is granted under the below mention condition :-

1. The reorganization is not extendable and in no condition it can be presumed that it is mandatory after the 8th Class .
2. The School will abide by the students rights regarding to free and compulsory and free education rights under the Act 2009 .
3. The School will give admission to the in the first class free of cost education to 25% student who are poor and residing near the school .
4. As per Act 12 Sub Act 2 of this Para3 the students of school reimuneration shall be supplied , For this Supply maintain school have to open a separate Bank Account .
5. The school did not request for capitation fees and no election will be conduced for that person
6. The School Cant refuse admission any student who has no proof of date of Birth and will abide by the section 15.
   (I) The school will not retain the student in the same class and also make sure that no student will be restigated until student his education become completes .
   (II) No student will given physical punishment and mental torcher ,
   (III) No student will be require to pass the board examination during the basic education .
   (IV) Every student who has got the basic education he has to be issued a certificate under section 25.

6 OCT 2020

Attested True Photos Translation Copy of the Documents Produced
GURPREET KAUR
NOTARY PUBLIC
Hoshiarpur (PB) India

Contd-2

Secretary
Sant Baba Harnam Singh Ji Educational Welfare Society

Principal
Oxford International School
Hsp.-Chd. Road, Hoshiarpur

(V) The students are added who have require special necessary accordingly sub rule of Act .

(VI) It is mandatory for the teachers that they fulfill the conditions of their educations for giving education to the students under section 23(1)

(VII) The teacher fulfilled the responsibilities under Section 24(1) Of the Act.

(VIII) The teacher will not teach the tution .

7. The School will given the education which was prescribed by higher Authorities,
8. No Class will run in the school or out side the school in the name of school .
9. The school building have to be used for education and for the devolvement of students.
10. The School is running under the school societies registration Act 1860 ( 1860 of 21)
11. The School will not run for benefit the private persons and for benefit of some particulars person.
12. The account of school will be audit by recognized charted accountant and statements will be ready according to the rule and the every account statement copy will be send to the DEO .
13. Your School recognized of school code is RTE-603 and this code should be noted by you and the same should be referred by corresponding with us .
14. The school will provide information to the DEO from time to time and the school will fulfill the short coming in the running in the school in higher authorities.
15. It is mandatory that the registration of the school should be renewed.
16. The School will abide by the rules and regulation under section 19 of the Act .

-6 OCT 2020

Sd-x-x-x
District Education Officer (A.E)

Attested True Photo Translation Copy of the Documents Produced
GURPREET KAUR
NOTARY PUBLIC
Hoshiarpur (Pb.) India

NOTARY GOVT. OF INDIA

Secretary
Sant Baba Harnam Singh Ji
Educational Welfare Society

Principal
Oxford International School
Hsp.-Chd. Road, Hoshiarpur

## ਦਫ਼ਤਰ ਜ਼ਿਲਾ ਸਿੱਖਿਆ ਅਫਸਰ (ਐ.ਸਿ.), ਹੁਸ਼ਿਆਰਪੁਰ

Email – cmc09dpohoshiarpur@gmail.com
ਸੰਪਰਕ ਨੰ. 01882-241350

ਮੀਮੋ ਨੰ.ਸਸਅ/ਆਰ.ਟੀ.ਈ/543

ਮਿਤੀ:12.04.19

ਮੈਨੇਜਰ/ਪ੍ਰਿੰਸੀਪਲ
ਆਕਸਫੋਰਡ ਇੰਟਰਨੈਸ਼ਨਲ ਸਕੂਲ
ਬਲਾਕ ਹੁਸ਼ਿਆਰਪੁਰ-2ਬੀ

**ਵਿਸ਼ਾ: ਬੱਚਿਆਂ ਦੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ 15 ਦੇ ਉਪ ਨਿਯਮ(4)ਅਧੀਨ,ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ,2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।**

ਪਿਆਰੇ ਸ਼੍ਰੀ ਮਾਨ/ਸ਼੍ਰੀ ਮਤੀ ਜੀ

ਆਪਜੀ ਦੀ ਪ੍ਰਤੀ ਬੇਨਤੀ ਸਹਿਤ ਕੀਤੇ ਸਕੂਲ ਨਾਲ ਪੱਤਰ ਵਿਹਾਰ ਪੱਤਰਕ ਦੇ ਹਵਾਲੇ ਵਿੱਚ ਮੈਂ ਆਕਸਫੋਰਡ ਇੰਟਰਨੈਸ਼ਨਲ ਸਕੂਲ **ਬਲਾਕ** ਹੁਸ਼ਿਆਰਪੁਰ-2ਬੀ ਨੂੰ**ਪ੍ਰੀ ਤੋਂ ਅੱਠਵੀਂ**" ਜਮਾਤ ਤੱਕ **31 ਮਾਰਚ,2020** ਦੇ ਸਮੇਂ ਲਈ ਮਾਨਤਾ ਭੇਜਦਾ ਹਾਂ।

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਆਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਕਿ ਇਹ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਅਤੇ ਬੱਚਿਆਂ ਦੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਉਪਬੰਧਾ ਦੀ ਪਾਲਣਾ ਕਰੇਗਾ ।
3. ਸਕੂਲ ਪਹਿਲੀ ਜਮਾਤ ਵਿੱਚ ਜਮਾਤ ਦੀ ਕੁੱਲ ਸੰਖਿਆ ਦਾ 25% ਪ੍ਰਤੀਸ਼ਤ, ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫ਼ਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4. ਸਕੂਲ ਨੂੰ ਪੈਰ੍ਹਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ-ਧਾਰਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ । ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸ ਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ । ਸਕੂਲ ਇਹ ਯਕੀਨੀ ਬਣਾਏਗਾ ਕਿ :-
   (1) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿੱਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ
   (2) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਕੀਤੀ ਜਾਵੇਗੀ
   (3) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ;
   (4) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਦਿੱਤੇ ਅਨੁਸਾਰ ਪ੍ਰਮਾਣਪੱਤਰ ਦਿੱਤਾ ਜਾਵੇਗਾ;
   (5) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ ਵਾਲੇ ਵਿਦਿਆਰਥੀਆਂ ਦੀ ਸਮੂਲੀਅਤ ;
   (6) ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23(1) ਅਧੀਨ ਦਿੱਤੀਆਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ । ਪਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਦੇ ਲਾਗੂ ਹੋਣ ਸਮੇਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪ੍ਰਾਪਤ ਕਰਨਗੇ;।
   (7) ਅਧਿਆਪਕ ਐਕਟ ਦੀ ਧਾਰਾ 24(1)ਅਧੀਨ ਦਰਸਾਈਆਂ ਜ਼ਿੰਮੇਵਾਰੀਆਂ ਪੂਰੀਆਂ ਕਰਦੇ ਹਨ;
   (8) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾ ਵਿੱਚ ਮਸ਼ਰੂਫ ਨਹੀਂ ਰੱਖਣਗੇ।
7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਆਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।
8. ਸਕੂਲ ਦੇ ਇਸੇ ਨਾਂ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।
9. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜਾਈ ਅਤੇ ਯੋਗਤਾ ਵਿਕਾਸ ਲਈ ਹੀ ਵਰਤੇ ਜਾਣ ਗੇ।
10. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ,1860(1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਦੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰਸਟ ਦੁਆਰਾ ਚਲਾਇਆ ਜਾ ਰਿਹਾ ਹੈ।
11. ਸਕੂਲ ਕਿਸੇ ਨਿੱਜੀ ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।
12. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹਿਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ।ਹਰ ਲੇਖਾ ਸਾਰਣੀ ਦੀ ਇੱਕ ਕਾਪੀ ਹਰ ਸਾਲ ਜ਼ਿਲ੍ਹਾ ਸਿੱਖਿਆ ਅਧਿਕਾਰੀ(ਐ.ਸਿ.) ਨੂੰ ਭੇਜੀ ਜਾਵੇਗੀ।
13. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰ.<u>RTE-603</u> ਹੈ।ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫ਼ਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।
14. ਸਕੂਲ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਸਿਰ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲਾਂ ਦੇ ਕੰਮ ਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।
15. ਸੰਸਥਾ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ, ਕਰਵਾਉਣਾ ਯਕੀਨੀ ਬਣਾਇਆ ਜਾਵੇ।
16. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ.)
ਹੁਸ਼ਿਆਰਪੁਰ ।

Principal
Oxford International School
Hsp.-Chd. Road, Hoshiarpur